# ਸੋਰਠਿ ਮਹਲਾ ੩ ॥

ਹਰਿ ਜੀਉ ਸਬਦੇ ਜਾਪਦਾ ਭਾਈ ਪੂਰੈ ਭਾਗਿ ਮਿਲਾਇ ॥
ਸਦਾ ਸੁਖੁ ਸੋਹਾਗਣੀ ਭਾਈ ਅਨਦਿਨੁ ਰਤੀਆ ਰੰਗੁ
ਲਾਇ ॥ ੧ ॥ ਹਰਿ ਜੀ ਤੂ ਆਪੇ ਰੰਗੁ ਚੜਾਇ ॥ ਗਾਵਹੁ
ਗਾਵਹੁ ਰੰਗਿ ਰਾਤਿਹੋ ਭਾਈ ਹਰਿ ਸੇਤੀ ਰੰਗੁ ਲਾਇ ॥
ਰਹਾਉ ॥ ਗੁਰ ਕੀ ਕਾਰ ਕਮਾਵਣੀ ਭਾਈ ਆਪੁ ਛੋਡਿ ਚਿਤੁ
ਲਾਇ ॥ ਸਦਾ ਸਹਜੁ ਫਿਰਿ ਦੁਖੁ ਨ ਲਗਈ ਭਾਈ ਹਰਿ
ਆਪਿ ਵਸੈ ਮਨਿ ਆਇ ॥ ੨ ॥ ਪਿਰ ਕਾ ਹੁਕਮੁ ਨ
ਜਾਣਈ ਭਾਈ ਸਾ ਕੁਲਖਣੀ ਕੁਨਾਰਿ ॥ ਮਨਹਠਿ ਕਾਰ
ਕਮਾਵਣੀ ਭਾਈ ਵਿਣੁ ਨਾਵੈ ਕੂੜਿਆਰਿ ॥ ੩ ॥ ਸੇ ਗਾਵਹਿ
ਜਿਨ ਮਸਤਕਿ ਭਾਗੁ ਹੈ ਭਾਈ ਭਾਇ ਸਚੈ ਬੈਰਾਗੁ ॥
ਅਨਦਿਨੁ ਰਾਤੇ ਗੁਣ ਰਵਹਿ ਭਾਈ ਨਿਰਭਉ ਗੁਰ ਲਿਵ
ਲਾਗੁ ॥ ੪ ॥ ਸਭਨਾ ਮਾਰਿ ਜੀਵਾਲਦਾ ਭਾਈ ਸੋ ਸੇਵਹੁ
ਦਿਨੁ ਰਾਤਿ ॥ ਸੋ ਕਿਉ ਮਨਹੁ ਵਿਸਾਰੀਐ ਭਾਈ ਜਿਸ ਦੀ
ਵਡੀ ਹੈ ਦਾਤਿ ॥ ੫ ॥ ਮਨਮੁਖਿ ਮੈਲੀ ਡੁੰਮਣੀ ਭਾਈ
ਦਰਗਹ ਨਾਹੀ ਥਾਉ ॥ ਗੁਰਮੁਖਿ ਹੋਵੈ ਤ ਗੁਣ ਰਵੈ ਭਾਈ
ਮਿਲਿ ਪ੍ਰੀਤਮ ਸਾਚਿ ਸਮਾਉ ॥ ੬ ॥ ਏਤੁ ਜਨਮਿ ਹਰਿ ਨ
ਚੇਤਿਓ ਭਾਈ ਕਿਆ ਮੁਹੁ ਦੇਸੀ ਜਾਇ ॥ ਕਿੜੀ ਪਵੰਦੀ
ਮੁਹਾਇਓਨੁ ਭਾਈ ਬਿਖਿਆ ਨੋ ਲੋਭਾਇ ॥ ੭ ॥ ਨਾਮੁ
ਸਮਾਲਹਿ ਸੁਖਿ ਵਸਹਿ ਭਾਈ ਸਦਾ ਸੁਖੁ ਸਾਂਤਿ ਸਰੀਰ ॥
ਨਾਨਕ ਨਾਮੁ ਸਮਾਲਿ ਤੂ ਭਾਈ ਅਪਰੰਪਰ ਗੁਣੀ ਗਹੀਰ ॥
੮ ॥ ੩ ॥